# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-05-2024**

- ਆਮ ਚੋਣਾਂ ਦੇ ਪੰਜਵੇਂ ਗੇੜ ਵਿਚ ਅੱਜ ਅੱਠ ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 49 ਸੀਟਾਂ 'ਤੇ ਵੋਟਿੰਗ ਦਾ ਸਿਲਸਿਲਾ ਹੁਣ ਤੋਂ ਥੋੜੀ ਦੇਰ ਪਹਿਲਾਂ, 6 ਵਜੇ ਮੁਕੰਮਲ ਹੋ ਗਿਆ ਏ।
- BJP ਦੇ ਸੀਨੀਅਰ ਨੇਤਾ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੋਸ਼ ਲਗਾਇਆ ਏ, ਕਿ ਕਾਂਗਰਸ ਨੇ ਸਮੇਂ-ਸਮੇਂ 'ਤੇ ਭਾਰਤੀ ਸੰਵਿਧਾਨ ਦਾ ਅਪਮਾਨ ਕੀਤਾ ਏ।
- ਸ਼ੰਭੂ ਰੇਲਵੇ ਸਟੇਸ਼ਨ ਤੇ ਕਿਸਾਨਾਂ ਨੇ ਆਪਣੇ ਧਰਨੇ ਨੂੰ ਖ਼ਤਮ ਕਰਨ ਦਾ ਐਲਾਨ ਕੀਤਾ, ਛੇਤੀ ਹੀ ਰੇਲ ਆਵਾਜਾਈ ਸ਼ੁਰੂ ਹੋ ਸਕੇਗੀ।
- ਗਰਮੀ ਤੋਂ ਰਾਹਤ ਦੇ ਫਿਲਹਾਲ ਕੋਈ ਆਸਾਰ ਨਹੀਂ, ਸਕੂਲਾਂ ਵਿਚ ਕਲ ਤੋਂ ਗਰਮੀ ਦੀਆਂ ਛੁੱਟੀਆਂ ਦਾ ਐਲਾਨ।

-----------------------------------------------

ਆਮ ਚੋਣਾਂ ਦੇ 5ਵੇਂ ਗੇੜ ਵਿਚ ਅੱਜ ਅੱਠ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 49 ਸੀਟਾਂ 'ਤੇ ਵੋਟਿੰਗ ਦਾ ਸਿਲਸਿਲਾ ਹੁਣ ਤੋਂ ਥੋੜੀ ਦੇਰ ਪਹਿਲਾਂ, 6 ਵਜੇ ਮੁਕੰਮਲ ਹੋ ਗਿਆ। ਚੋਣ ਕਮਿਸ਼ਨ ਵਲੋਂ ਪੰਜ ਵਜੇ ਤਕ ਦੀ ਵੋਟਿੰਗ ਦੇ ਜਾਰੀ ਅੰਕੜਿਆਂ ਅਨੁਸਾਰ 56 ਫੀਸਦ ਤੋਂ ਵੱਧ ਵੋਟਿੰਗ ਹੋਈ ਏ। ਸਭ ਤੋਂ ਵੱਧ 73 ਫੀਸਦੀ ਵੋਟਿੰਗ ਪੱਛਮੀ ਬੰਗਾਲ ਤੇ 67 ਫੀਸਦੀ ਲੱਦਾਖ ਵਿਚ ਦਰਜ਼ ਹੋਈ। ਆਖਰੀ ਅੰਕੜੇ ਦੇਰ ਰਾਤ ਤਕ ਮਿਲ ਜਾਣਗੇ। ਇਸ ਗੇੜ ਵਿਚ 82 ਔਰਤਾਂ ਸਮੇਤ ਕੁੱਲ 695 ਉਮੀਦਵਾਰਾਂ ਦੀ ਕਿਸਮਤ ਈ ਵੀ ਐਮ ਵਿੱਚ ਬੰਦ ਹੋ ਗਈ ਏ ਅਤੇ ਇਨਾਂ ਵਿਚ ਰਾਜਨਾਥ ਸਿੰਘ, ਸਮ੍ਰਿਤੀ ਇਰਾਨੀ, ਰਾਹੁਲ ਗਾਂਧੀ, ਚਿਰਾਗ ਪਾਸਵਾਨ, ਰਾਜੀਵ ਪ੍ਰਤਾਪ ਰੂਡੀ, ਰੋਹਿਣੀ ਅਚਾਰੀਆ, ਉਮਰ ਅਬਦੁੱਲਾ ਅਤੇ ਪੀਯੂਸ਼ ਗੋਇਲ ਵਰਗੇ ਦਿੱਗਜ ਨੇਤਾ ਵੀ ਸ਼ਾਮਲ ਨੇ । ਵੋਟਿੰਗ ਦਾ ਇਹ ਸਿਲਸਿਲਾ ਸਵੇਰੇ ਸੱਤ ਵਜੇ ਮੱਠੀ ਰਫਤਾਰ ਨਾਲ ਸ਼ੁਰੂ ਹੋਇਆ ਪਾਰ ਮਗਰੋਂ ਇਸ ਵਿਚ ਤੇਜੀ ਆ ਗਈ । ਇਸ ਗੇੜ ਵਿੱਚ ਉੱਤਰ ਪ੍ਰਦੇਸ਼ ਦੇ 14, ਮਹਾਰਾਸ਼ਟਰ ਦੇ 13, ਪੱਛਮੀ

ਬੰਗਾਲ ਦੇ ਸੱਤ, ਓਡੀਸ਼ਾ ਤੇ ਬਿਹਾਰ ਦੇ ਪੰਜ-ਪੰਜ, ਝਾਰਖੰਡ ਦੇ ਤਿੰਨ, ਜੰਮੂ ਤੇ ਕਸ਼ਮੀਰ ਅਤੇ ਲੱਦਾਖ ਦੇ ਇੱਕ- ਇਕ ਹਲਕੇ ਸ਼ਾਮਲ ਨੇ । ਪੰਜਵੇਂ ਗੇੜ ਨਾਲ ਕੁੱਲ 428 ਸੀਟਾਂ 'ਤੇ ਚੋਣਾਂ ਮੁਕੰਮਲ ਹੋ ਗਈਆਂ ਨੇ।

-----------------------------------------------------

ਪ੍ਰਧਾਨ ਮੰਤਰੀ ਅਤੇ BJP ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ ਦੋਸ਼ ਲਗਾਇਆ ਏ, ਕਿ ਕਾਂਗਰਸ ਨੇ ਸਮੇਂ-ਸਮੇਂ 'ਤੇ ਭਾਰਤੀ ਸੰਵਿਧਾਨ ਦਾ ਅਪਮਾਨ ਕੀਤਾ ਏ । ਡੀ ਡੀ ਨਿਊਜ਼ ਨਾਲ ਇੱਕ ਇੰਟਰਵਿਊ ਵਿੱਚ ਉਨਾਂ ਕਿਹਾ ਕਿ ਉਹ, ਡਾ. ਬੀ. ਆਰ. ਅੰਬੇਡਕਰ ਅਤੇ ਸੰਵਿਧਾਨ ਸਭਾ ਦੇ ਮੈਂਬਰਾਂ ਦਾ ਬਹੁਤ ਸਤਿਕਾਰ ਕਰਦੇ ਨੇ, ਜਿਨ੍ਹਾਂ ਨੇ ਅਜਿਹਾ ਸੰਵਿਧਾਨ ਤਿਆਰ ਕੀਤਾ, ਜਿਸ ਨੇ ਇੱਕ ਚਾਹ ਵੇਚਣ ਵਾਲੇ ਨੂੰ ਪ੍ਰਧਾਨ ਮੰਤਰੀ ਬਣਨ ਦਾ ਮੌਕਾ ਦਿੱਤਾ । ਨਰੇਂਦਰ ਮੋਦੀ ਨੇ ਕਿਹਾ ਕਿ ਉਨ੍ਹਾਂ ਲਈ ਸੰਵਿਧਾਨ ਸਰਕਾਰ ਚਲਾਉਣ ਲਈ ਮਾਰਗ ਦਰਸ਼ਕ ਏ । ਉਨਾਂ ਕਿਹਾ ਕਿ ਦੇਸ਼ ਦਾ ਪੂਰਬੀ ਹਿੱਸਾ ਜਿਵੇਂ ਕਿ ਉੜੀਸਾ, ਝਾਰਖੰਡ, ਬਿਹਾਰ, ਬੰਗਾਲ ਅਤੇ ਪੂਰਬੀ ਉੱਤਰ ਪ੍ਰਦੇਸ਼, ਦੇਸ਼ ਦਾ ਵਿਕਾਸ ਇੰਜਣ ਬਣ ਜਾਵੇਗਾ । ਉਨ੍ਹਾਂ ਕਿਹਾ ਕਿ ਅੱਜ ਭਾਰਤ ਦੀ

ਨਾਰੀ ਸ਼ਕਤੀ ਦੀ ਸਮਰੱਥਾ ਲਗਾਤਾਰ ਵੱਧ ਰਹੀ ਏ ਅਤੇ ਉਨ੍ਹਾਂ ਕੋਲ ਅਰਥ-ਵਿਵਸਥਾ ਪੂਰੀ ਤਰ੍ਹਾਂ ਬਦਲਣ ਦੀ ਸਮਰੱਥਾ ਏ।

---------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ, ਸੁਖਬੀਰ ਸਿੰਘ ਬਾਦਲ ਨੇ ਅੱਜ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਦਹਾਕਿਆਂ ਤੋਂ ਦਰਿਆਈ ਕੰਢੇ ਜ਼ਮੀਨ ਵਾਹ ਰਹੇ ਕਿਸਾਨਾਂ ਨੂੰ, ਉਸਦੇ ਮਾਲਕਾਨਾ ਹੱਕ ਦੇਵੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਇਹ ਪ੍ਰਕਿਰਿਆ ਆਰੰਭ ਕਰ ਦਿੱਤੀ ਸੀ ਪਰ ਸੌੜੇ ਹਿੱਤਾਂ ਵਾਲਿਆਂ ਨੇ ਤਜਵੀਜ਼ ਰੁਕਵਾ ਦਿੱਤੀ । ਜਲਾਲਾਬਾਦ, ਗੁਰੂ ਹਰਿਸਹਾਏ, ਫਿਰੋਜ਼ਪੁਰ ਸ਼ਹਿਰ ਤੇ ਫਿਰੋਜ਼ਪੁਰ ਦਿਹਾਤੀ ਵਿਚ ਅਕਾਲੀ ਦਲ ਦੇ ਉਮੀਦਵਾਰ ਨਰਦੇਵ ਸਿੰਘ ਮਾਨ ਦੇ ਹੱਕ ਵਿਚ ਇਕੱਠਾਂ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਇਸ ਵਾਰ ਅਸੀਂ ਠੋਸ ਕਦਮ ਚੁੱਕ ਕੇ ਯਕੀਨੀ ਬਣਾਵਾਂਗੇ ਕਿ ਦਰਿਆਈ ਕੰਢੇ ਜਿਹੜੀ ਜ਼ਮੀਨ ਕਿਸਾਨ ਵਾਹ ਰਹੇ ਨੇ, ਉਸਦੇ ਮਾਲਕਾਨਾ ਹੱਕ ਉਨਾਂ ਨੂੰ ਦਿੱਤੇ ਜਾਣ । ਉਨਾਂ ਕਿਹਾ ਕਿ ਇਸ ਲਈ ਜਰੂਰੀ ਕਾਨੂੰਨ ਲਿਆਂਦਾ ਜਾਵੇਗਾ।

------------------------------------------------

ਲੋਕ ਸਭਾ ਹਲਕਾ ਸੰਗਰੂਰ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਰਵਿੰਦ ਖੰਨਾ ਨੇ ਕਿਹਾ ਏ, ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਕਾਰਗੁਜਾਰੀ ਤੋਂ ਵਿਦੇਸ਼ੀ ਰਾਜਸੀ ਆਗੂ ਵੀ ਪ੍ਰਭਾਵਿਤ ਨੇ ਅਤੇ ਪ੍ਰਧਾਨ ਮੰਤਰੀ ਵੱਲੋਂ ਬਣਾਈ ਮਜ਼ਬੂਤ ਵਿਦੇਸ਼ ਨੀਤੀ ਕਾਰਨ ਭਾਰਤ ਨੇ ਵਿਸ਼ਵ ਭਰ ਵਿੱਚ ਨਾਮਣਾ ਖੱਟਿਆ ਏ । ਮਲੇਰਕੋਟਲਾ ਵਿਖੇ ਕਲ BJP ਮੰਡਲ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨਾਲ ਇਕ ਮੀਟਿੰਗ ਕਰਨ ਉਪਰੰਤ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਦੇਸ਼ ਨੂੰ ਸਥਿਰ ਸਰਕਾਰ ਦੀ ਜ਼ਰੂਰਤ ਏ, ਜਿਹੜੀ ਸਿਰਫ਼ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਹੀ ਏ । ਅਰਵਿੰਦ ਖੰਨਾ ਨੇ ਕਿਹਾ ਕਿ ਵਰਕਰਾਂ ਵੱਲੋਂ ਕੀਤੀ ਗਈ ਮਿਹਨਤ ਨਾਲ ਹੀ ਸਫਲਤਾ ਪ੍ਰਾਪਤ ਕਰਨੀ ਏ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ ਕਰੋੜਾਂ ਭਾਰਤੀਆਂ ਦੇ 'ਅੱਬ ਕੀ ਬਾਰ-BJP 400 ਪਾਰ' ਦੇ ਨਾਰੇ ਨੂੰ ਸੱਚ ਕਰ ਕੇ ਦਿਖਾਉਣਾ ਏ । ਉਨ੍ਹਾਂ ਵਰਕਰਾਂ ਨੂੰ ਮੋਦੀ ਸਰਕਾਰ ਦੀਆਂ ਜਨ ਕਲਿਆਣਕਾਰੀ ਯੋਜਵਾਨਾਵਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਦੀ ਅਪੀਲ ਕੀਤੀ ।

---------------------------------------------------------------

ਹਰਿਆਣਾ ਅਤੇ ਪੰਜਾਬ ਬਾਰਡਰ ਨਾਲ ਲੱਗਦੇ ਸ਼ੰਭੂ ਰੇਲਵੇ ਸਟੇਸ਼ਨ ਤੇ ਪਿਛਲੇ ਕੋਈ ਇਕ ਮਹੀਨੇ ਤੋਂ ਧਰਨਾ ਦੇ ਰਹੇ ਕਿਸਾਨਾਂ ਨੇ ਅੱਜ ਆਪਣੇ ਧਰਨੇ ਨੂੰ ਖ਼ਤਮ ਕਰਨ ਦਾ ਐਲਾਨ ਕੀਤਾ ਏ। ਕਿਸਾਨ ਆਗੂ ਸਰਵਣ ਸਿੰਘ ਪੰਧੇਰ ਅਤੇ ਜਗਜੀਤ ਸਿੰਘ ਡੱਲੇਵਾਲ ਨੇ, ਇਸ ਸੰਬੰਧੀ ਜਾਣਕਾਰੀ ਦਿੱਤੀ। ਕਿਸਾਨਾਂ ਦੇ ਇਸ ਫੈਸਲੇ ਨਾਲ ਅੰਮ੍ਰਿਤਸਰ-ਦਿੱਲੀ ਰੇਲ ਰੂਟ ਤੇ ਰੇਲ ਆਵਾਜਾਈ ਬਹਾਲ ਹੋ ਸਕੇਗੀ, ਜਿਹੜੀ ਕਿ ਬੀਤੇ 17 ਅਪ੍ਰੈਲ ਤੋਂ ਬੰਦ ਏ। ਧਰਨੇ ਦੇ ਚਲਦਿਆਂ ਰੇਲਵੇ ਵਲੋਂ ਰੋਜ਼ਾਨਾ ਅਨੇਕਾਂ ਗੱਡੀਆਂ ਨੂੰ ਰੱਦ ਕੀਤਾ ਜਾ ਰਿਹਾ ਏ ਅਤੇ ਵੰਦੇ ਭਾਰਤ ਤੇ ਸ਼ਤਾਬਦੀ ਵਰਗੀਆਂ ਗੱਡੀਆਂ ਵੀ ਆਪਣੇ ਰੂਟ ਤੇ ਘੰਟਿਆਂ ਬੱਧੀ ਦੇਰੀ ਨਾਲ ਚਲ ਰਹੀਆਂ ਨੇ। ਇਸ ਨਾਲ ਮੁਸਾਫਰ ਅਤੇ ਕਾਰੋਬਾਰੀ ਬੇਹੱਦ ਹੀ ਪਰੇਸ਼ਾਨ ਨੇ। ਹਾਲਾਂਕਿ ਕਿਸਾਨਾਂ ਨੇ ਸ਼ੰਭੂ ਲਾਗੇ ਕੌਮੀ ਸ਼ਾਹ ਮਾਰਗ ਨੂੰ ਬੰਦ ਰੱਖਣ ਦੀ ਗੱਲ ਆਖੀ ਏ।

---------------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਲੋਂ ਆਯੋਜਿਤ ਵੈਲਡਿੰਗ

ਮੁਕਾਬਲੇ ਵਿਚ ਪੰਜਾਬ ਭਰ ਦੇ ਇੰਡਸਟਰੀਅਲ ਇੰਸਟੀਚਿਊਟਾਂ ਆਈ.ਟੀ.ਆਈ ਤੋਂ 100 ਦੇ ਕਰੀਬ ਵਿਦਿਆਰਥੀਆਂ ਨੇ ਹਿੱਸਾ ਲਿਆ। ਆਯੋਜਨ ਦਾ ਉਦੇਸ਼ ਵੈਲਡਿੰਗ ਦੇ ਤਰੀਕਿਆਂ ਵਿਚ ਹੁਨਰ ਵਿਕਾਸ ਤੇ ਰਚਨਾਤਮਿਕਤਾ ਨੂੰ ਉਤਸ਼ਾਹਿਤ ਕਰਨਾ ਰਿਹਾ। ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਆਪਣੀ ਕਲਾ ਤੇ ਸਮਰੱਥਾ ਉਜਾਗਰ ਕਰਦਿਆਂ ਵੈਲਡਿੰਗ ਦੀਆਂ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ। ਬਰਾਊਨ ਕੁੜੀ ਦੇ ਨਾਮ ਨਾਲ ਮਸ਼ਹੂਰ ਉਘੇ ਵੈਲਡਰ ਹਰਪਾਲ ਕੌਰ ਇਸ ਆਯੋਜਨ ਦੇ ਮੁਖ ਮਹਿਮਾਨ ਰਹੇ। ਉਨਾਂ ਕਿਹਾ ਕਿ ਵੈਲਡਿੰਗ ਇਕ ਅਜਿਹੀ ਮਹੱਤਵਪੂਰਨ ਪ੍ਰਕ੍ਰਿਆ ਏ, ਜਿਸ ਨਾਲ ਧਾਤਾਂ ਨੂੰ ਆਪਸ ਵਿਚ ਜੋੜ ਕੇ ਵਰਤਿਆ ਜਾਂਦਾ ਏ। ਇਮਾਰਤਾਂ ਦੇ ਢਾਂਚੇ ਤੋਂ ਲੈ ਕੇ ਧਾਤਾਂ ਦੇ ਵਿਸਤ੍ਰਿਤ ਡਿਜ਼ਾਇਨ ਬਣਾਉਣ ਅਤੇ ਬਹੁਤ ਸਾਰੇ ਉਦਯੋਗਾਂ ਵਿਚ ਵੈਲਡਿੰਗ ਤਕਨੀਕਾਂ ਦੀ ਅਹਿਮ ਭੂਮਿਕਾ ਏ। ਪ੍ਰੋਗਰਾਮ ਦੇ ਕੋਆਰਡੀਨੇਟਰ ਸਾਇੰਸ ਸਿਟੀ ਦੇ ਡਿਪਟੀ ਇੰਜੀਨੀਅਰ ਮਕੈਨੀਕਲ ਸੋਹਣ ਸਿੰਘ ਸੈਣੀ ਨੇ, ਵਿਦਿਆਰਥੀਆਂ ਨੂੰ ਦੱਸਿਆ ਕਿ ਇਸ ਮੁਕਾਬਲੇ ਨੇ ਵਿਦਿਆਰਥੀਆਂ

ਨੂੰ ਆਪਣਾ ਹੁਨਰ ਪ੍ਰਦਰਸ਼ਿਤ ਕਰਨ ਲਈ ਪਲੇਟਫ਼ਾਰਮ ਮੁਹੱਈਆ ਕਰਵਾਇਆ ਏ।

-------------------------------------------------------

ਪੰਜਾਬ ਵਿੱਚ ਜਬਰਦਸਤ ਗਰਮੀ ਦਾ ਕਹਿਰ ਲਗਾਤਾਰ ਜਾਰੀ ਏ। ਮੌਸਮ ਵਿਭਾਗ ਨੇ 24 ਮਈ ਤਕ ਗਰਮੀ ਤੇ ਲੂ ਸੰਬੰਧੀ ਯੈਲੋ, ਓਰੇਂਜ ਅਤੇ ਰੇਡ ਅਲਰਟ ਜਾਰੀ ਕੀਤਾ ਏ। ਸੂਬੇ ਦੇ ਜ਼ਿਆਦਾਤਰ ਸ਼ਹਿਰਾਂ ਦਾ ਤਾਪਮਾਨ ਇਸ ਵੇਲੇ 42 ਡਿਗਰੀ ਸੈਲਸੀਅਸ ਤੋਂ ਵੱਧ ਚਲ ਰਿਹਾ ਏ। ਪਠਾਨਕੋਟ ਵਿਚ ਸਬ ਤੋਂ ਵੱਧ ਤਾਪਮਾਨ 45.5 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ। ਮੌਸਮ ਵਿਭਾਗ ਅਨੁਸਾਰ ਘਟੋ ਘਾਟ ਤਾਪਮਾਨ ਵਿਚ ਵੀ ਕਲ ਦੇ ਮੁਕਾਬਲੇ ਅੱਜ ਇਕ ਡਿਗਰੀ ਸੈਲਸੀਅਸ ਤਕ ਦਾ ਵਾਧਾ ਹੋਇਆ ਏ ਅਤੇ ਇਹ ਆਮ ਨਾਲੋਂ ਕੋਈ 3.2 ਡਿਗਰੀ ਸੈਲਸੀਅਸ ਤਕ ਵੱਧ ਏ। ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤ ਸਰ, ਮੋਗਾ, ਬਠਿੰਡਾ, ਬਰਨਾਲਾ ਅਤੇ ਮਾਨਸਾ ਜ਼ਿਲਿਆਂ ਵਿਚ 21 ਤੋਂ 24 ਮਈ ਤਕ ਰੇਡ ਅਲਰਟ ਜ਼ਾਰੀ ਕੀਤਾ ਗਿਆ ਏ ਅਤੇ

ਇਸ ਦੌਰਾਨ ਜਬਰਦਸਤ ਗਰਮੀ ਦੀ ਲਹਿਰ ਦਾ ਸਾਹਮਣਾ ਕਰਨਾ ਪੈ ਸਕਦਾ ਏ। ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਹੀ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਅਤੇ ਜਰੂਰੀ ਹੋਣ ਤੇ ਹੀ ਘਰੋਂ ਬਾਹਰ ਨਿਕਲਣ ਦੀ ਸਲਾਹ ਦਿੱਤੀ ਏ। ਇਸਦੇ ਨਾਲ ਹੀ ਪਾਣੀ ਜਾਂ ORS ਦਾ ਘੋਲ ਲਗਾਤਾਰ ਪੀਣ ਲਈ ਆਖਿਆ ਗਿਆ ਏ। ***ਹੋਰ ਵੇਰਵੇ ਨਾਲ ਇਹ ਰਿਪੋਰਟ ਡਿਸਪੈਚ: ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਸਲਾਹ ਦੇਂਦਿਆਂ ਕਿਹਾ ਏ ਕਿ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਸਿਰ ਨੂੰ ਟੌਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਰਸ ਰੱਖੋ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ। ਬੱਚਿਆਂ ਨੂੰ ਲੂ ਤੋਂ***

*ਬਚਾਉਣ ਲਈ ਹਮੇਸ਼ਾ ਆਪਣੇ ਨਾਲ ਪਾਣੀ ਦੀ ਬੋਤਲ ਰੱਖੋ, ਨੀਮਬੂ ਪਾਣੀ, ਲੱਸੀ, ਨਾਰਿਯਲ ਪਾਣੀ ਅਤੇ ਤਾਜੇ ਫਲਾਂ ਦੇ ਜੂਸ ਦੀ ਲਗਾਤਾਰ ਵਰਤੋਂ ਕਰੋ। ਹਲਕੇ ਰੰਗ ਦੇ ਢਿਲੇ ਸੂਤੀ ਕੱਪੜੇ ਪਹਿਨੋ, ਗਰਮੀ ਦੇ ਮੌਸਮ ਵਿਚ ਜੰਕ ਫ਼ੂਡ ਦੀ ਵਰਤੋਂ ਨਾ ਕਰੋ, ਜੇ ਕਰ ਬੱਚਿਆਂ ਨੂੰ ਚੱਕਰ ਆਵੇ, ਉਲਟੀ, ਘਬਰਾਹਟ ਜਾਂ ਤੇਜ ਸਿਰ ਪੀੜ ਹੋਵੇ, ਛਾਤੀ ਵਿਚ ਪੀੜ ਹੋਵੇ ਜਾਂ ਸਾਹ ਲੈਣ ਵਿਚ ਤਕਲੀਫ ਹੋ ਰਹੀ ਹੋਵੇ ਤਾਂ ਤੁਰੰਤ ਡਾਕਟਰ ਦੀ ਮਦਦ ਲਵੋ ਈ ਯਕੀਨਨ ਕੁਝ ਅਜਿਹੀਆਂ ਅਹਿਮ ਸਾਵਧਾਨੀਆਂ ਵਰਤ ਕੇ ਤੇਜ ਗਰਮੀ ਅਤੇ ਲੂ ਤੋਂ ਆਪਣਾ ਤੇ ਆਪਣੇ ਹੋਰ ਪਰਿਵਾਰਕ ਮੇਮ੍ਬ੍ਰਾਂ ਦਾ ਬਚਾਵ ਕੀਤਾ ਜਾ ਸਕਦਾ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------

ਇਸ ਦੌਰਾਨ ਗਰਮੀ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ, ਸਿੱਖਿਆ ਵਿਭਾਗ ਨੇ ਪੰਜਾਬ ਦੇ ਸਾਰੇ ਸਕੂਲਾਂ ਵਿਚ ਗਰਮੀ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਏ। ਵਿਭਾਗ ਦੇ ਤਾਜ਼ਾ ਹੁਕਮ ਅਨੁਸਾਰ ਸਮੂਹ

ਸਰਕਾਰੀ, ਪ੍ਰਾਈਵੇਟ, ਏਡਿਡ ਅਤੇ ਮਾਨਤਾ ਪ੍ਰਾਪਤ ਸਕੂਲਾਂ ਵਿਚ, 21 ਮਈ ਤੋਂ 30 ਜੂਨ ਤੱਕ ਛੁੱਟੀਆਂ ਕੀਤੀਆਂ ਗਈਆਂ ਨੇ।

---------------------------------------------------

ਏਧਰ ਪੰਜਾਬ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਨੇ ਵੀ ਗਰਮੀ ਦੇ ਮੌਸਮ ਅਤੇ ਮੌਸਮ ਵਿਭਾਗ ਵੱਲੋਂ ਜਾਰੀ ਰੈਡ ਅਲਰਟ ਨੂੰ ਵੇਖਦਿਆਂ ਆਂਗਣਵਾੜੀ ਕੇਂਦਰਾਂ ਦੇ ਬੱਚਿਆਂ ਨੂੰ 21 ਮਈ ਤੋਂ 30 ਜੂਨ ਤੱਕ ਗਰਮੀਆਂ ਦੀਆਂ ਛੁੱਟੀਆਂ ਕਰਨ ਦਾ ਫੈਸਲਾ ਕੀਤਾ ਏ। ਇਹਨਾਂ ਛੁੱਟੀਆਂ ਦੌਰਾਨ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਇਹ ਹਦਾਇਤ ਕੀਤੀ ਗਈ ਏ ਕਿ ਉਨਾਂ ਵੱਲੋਂ ਇਸ ਸਮੇਂ ਦੌਰਾਨ ਹੋਮ ਵਿਜ਼ਿਟ ਕਰਨਾ ਅਤੇ ਬੱਚਿਆਂ ਨੂੰ ਘਰ ਜਾ ਕੇ ਰਾਸ਼ਨ ਦੇਣਾ ਯਕੀਨੀ ਬਣਾਇਆ ਜਾਵੇ।

---------------------------------------------------

ਦੇਸ਼ ਭਗਤ ਆਯੁਰਵੈਦਿਕ ਕਾਲਜ ਅਤੇ ਹਸਪਤਾਲ ਮੰਡੀ ਗੋਬਿੰਦਗੜ੍ਹ ਨੇ, ਵਿਸ਼ਵ ਹਾਈਪਰ-ਟੈਨਸ਼ਨ ਦਿਵਸ ਨੂੰ ਸਮਰਪਿਤ ਇੱਕ ਸਮਾਗਮ ਦਾ ਆਯੋਜਨ ਕੀਤਾ। ਇਸ ਦਾ ਉਦੇਸ਼ ਹਾਈਪਰ-ਟੈਨਸ਼ਨ ਬਾਰੇ

ਜਾਗਰੂਕਤਾ ਪੈਦਾ ਕਰਨਾ ਅਤੇ ਰੋਕਥਾਮ ਉਪਾਵਾਂ ਨੂੰ ਉਤਸ਼ਾਹਿਤ ਕਰਨਾ ਰਿਹਾ। ਪ੍ਰਿੰਸੀਪਲ ਡਾ. ਸਮਿਤਾ ਜੌਹਰ ਅਤੇ ਡੀ.ਬੀ.ਏ.ਸੀ.ਐਚ. ਦੇ ਡਾਇਰੈਕਟਰ, ਡਾ. ਕੁਲਭੂਸ਼ਣ ਦੀ ਅਗਵਾਈ ਹੇਠ ਆਯੋਜਿਤ ਇਸ ਸਮਾਗਮ ਵਿਚ, ਪੰਚਕਰਮਾ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਉਰਵੀ ਚਾਵੜਾ ਨੇ ਮੁੱਖ ਭਾਸ਼ਣ ਦੇਂਦਿਆਂ ਹਾਈਪਰ-ਟੈਨਸ਼ਨ ਬਿਮਾਰੀ ਬਾਰੇ ਜਾਗਰੂਕਤਾ ਤੇ ਰੋਕਥਾਮ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਹਾਈਪਰ-ਟੈਨਸ਼ਨ ਨੂੰ ਅਕਸਰ "ਚੁੱਪ ਕਾਤਲ" ਕਿਹਾ ਜਾਂਦਾ ਏ ਅਤੇ ਜੇਕਰ ਸਹੀ ਢੰਗ ਨਾਲ ਇਲਾਜ ਨਾ ਕੀਤਾ ਗਿਆ ਤਾਂ ਗੰਭੀਰ ਸਿਹਤ ਸਮੱਸਿਆਵਾਂ ਹੋ ਸਕਦੀਆਂ ਨੇ। ਇਸ ਸਮਾਗਮ ਵਿੱਚ ਵੱਖ-ਵੱਖ ਵਿਭਾਗਾਂ ਦੇ ਫੈਕਲਟੀ ਮੈਂਬਰਾਂ ਅਤੇ ਬੈਚਲਰ ਆਫ਼ ਆਯੁਰਵੈਦਿਕ ਮੈਡੀਸਨ ਅਤੇ ਸਰਜਰੀ ਪ੍ਰੋਗਰਾਮ ਦੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਰਹੀ।

-----------------------------------------------------

ਨਾਭਾ ਰਿਆਸਤ ਦੇ ਰਾਜਿਆਂ ਦਾ ਨਾਮ ਧਰਮੀ ਰਾਜਿਆਂ ਅਤੇ ਪੰਥ ਪ੍ਰਤੀ ਸ਼ਰਧਾ ਰੱਖਣ ਵਾਲੇ ਰਾਜਿਆਂ ਵਜੋਂ ਮਸ਼ਹੂਰ ਏ। ਨਾਭਾ ਰਿਆਸਤ ਦੇ ਹੀ

ਮਹਾਰਾਜਾ ਰਿਪੁਦਮਨ ਸਿੰਘ ਨੇ ਅੰਗਰੇਜ਼ਾਂ ਨਾਲ ਲੋਹਾ ਲੈਂਦੇ ਹੋਏ ਬਗਾਵਤ ਕੀਤੀ। ਜਿਸ ਲਈ ਸਾਲ 1923 ਵਿੱਚ ਉਹਨਾਂ ਨੂੰ ਕਾਲੇ ਪਾਣੀ ਦੀ ਸਜਾ ਦਿੱਤੀ ਗਈ। ਉਹਨਾਂ ਦੇ ਪੋਤਰੇ ਅਤੇ ਨਾਭਾ ਰਿਆਸਤ ਦੇ ਆਖਰੀ ਰਾਜੇ  ਮਹਾਰਾਜਾ ਪ੍ਰਤਾਪ ਸਿੰਘ ਦੇ ਸਪੁੱਤਰ ਮਹਾਰਾਜਾ ਕੁਮਾਰ ਹਿੰਮਤ ਸਿੰਘ ਦਾ ਸੰਸਕਾਰ ਨਾਭਾ ਦੀਆਂ ਸ਼ਾਹੀ ਸਮਾਧਾਂ ਵਿਖੇ ਰੀਤੀ ਰਿਵਾਜਾਂ ਅਨੁਸਾਰ ਕੀਤਾ ਗਿਆ। 72 ਸਾਲ ਦੇ ਮਹਾਰਾਜਾ ਹਿੰਮਤ ਸਿੰਘ ਦਾ, ਦਿੱਲੀ ਦੇ ਇਕ ਨਿਜੀ ਹਸਪਤਾਲ ਵਿੱਚ ਲੰਬੀ ਬੀਮਾਰੀ ਮਗਰੋਂ ਦੇਹਾਂਤ ਹੋ ਗਿਆ ਸੀ। ਮਹਾਰਾਜਾ ਕੁਮਾਰ ਹਿੰਮਤ ਸਿੰਘ ਦੀ ਦੇਹ ਨੂੰ ਨਾਭਾ ਦੇ ਹੀਰਾ ਮਹਿਲ ਵਿੱਚ ਲੋਕਾਂ ਦੇ ਅੰਤਿਮ ਦਰਸ਼ਨਾਂ ਲਈ ਰੱਖਿਆ ਗਿਆ ਅਤੇ ਬਾਅਦ ਵਿੱਚ ਨਾਭਾ ਦੇ ਸਾਹੀ ਸਮਾਧਾਂ ਵਿੱਚ ਉਹਨਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ। ਅੰਤਿਮ ਰਸਮਾਂ ਵਿੱਚ ਨਾਭਾ ਹਲਕੇ ਦੇ ਵਿਧਾਇਕ ਗੁਰਦੇਵ ਸਿੰਘ ਦੇਵਮਾਨ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਤੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਅਤੇ SGPC ਦੇ ਮੈਂਬਰ ਸਤਵਿੰਦਰ ਸਿੰਘ ਟੌਹੜਾ ਤੋਂ ਇਲਾਵਾ ਕਈ

ਵੱਡੀਆਂ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

---------------------------------------------------

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਆਮ ਚੋਣਾਂ ਦੇ ਪੰਜਵੇਂ ਗੇੜ ਵਿਚ ਅੱਜ ਅੱਠ ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 49 ਸੀਟਾਂ 'ਤੇ ਵੋਟਿੰਗ ਦਾ ਸਿਲਸਿਲਾ ਹੁਣ ਤੋਂ ਥੋੜੀ ਦੇਰ ਪਹਿਲਾਂ, 6 ਵਜੇ ਮੁਕੰਮਲ ਹੋ ਗਿਆ ਏ।
- BJP ਦੇ ਸੀਨੀਅਰ ਨੇਤਾ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੋਸ਼ ਲਗਾਇਆ ਏ, ਕਿ ਕਾਂਗਰਸ ਨੇ ਸਮੇਂ-ਸਮੇਂ 'ਤੇ ਭਾਰਤੀ ਸੰਵਿਧਾਨ ਦਾ ਅਪਮਾਨ ਕੀਤਾ ਏ।
- ਸ਼ੰਭੂ ਰੇਲਵੇ ਸਟੇਸ਼ਨ ਤੇ ਕਿਸਾਨਾਂ ਨੇ ਆਪਣੇ ਧਰਨੇ ਨੂੰ ਖ਼ਤਮ ਕਰਨ ਦਾ ਐਲਾਨ ਕੀਤਾ, ਛੇਤੀ ਹੀ ਰੇਲ ਆਵਾਜਾਈ ਸ਼ੁਰੂ ਹੋ ਸਕੇਗੀ।
- ਗਰਮੀ ਤੋਂ ਰਾਹਤ ਦੇ ਫਿਲਹਾਲ ਕੋਈ ਆਸਾਰ ਨਹੀਂ, ਸਕੂਲਾਂ ਵਿਚ ਕਲ ਤੋਂ ਗਰਮੀ ਦੀਆਂ ਛੁੱਟੀਆਂ ਦਾ ਐਲਾਨ।